ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)
ਅਧਿਸੂਚਨਾ

ਮਿਤੀ,ਚੰਡੀਗੜ੍ਹ:15 ਜੂਨ,2016

ਨੰ: 16/4/2016-5ਸਸ3/721 ਜਿਵੇਂ ਕਿ ਨਗਰ ਪੰਚਾਇਤ, ਭਗਤਾ ਭਾਈਕਾ, ਜਿਲ੍ਹਾ ਬਠਿੰਡਾ ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956) ਦੀ ਧਾਰਾ 07 ਅਧੀਨ ਆਪਣੇ ਮਤਾ ਨੰ: 21 ਮਿਤੀ: 28-08-2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 2 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ ਪਰੰਤੂ ਕੋਈ ਇਤਰਾਜ ਵਾ ਸੁਝਾਓ ਪ੍ਰਾਪਤ ਨਾ ਹੋਣ ਤੇ ਨਗਰ ਪੰਚਾਇਤ, ਭਗਤਾ ਭਾਈਕਾ, ਜਿਲ੍ਹਾ ਬਠਿੰਡਾ ਵੱਲੋ ਆਪਣੇ ਮਤਾ ਨੰ: 26 ਮਿਤੀ: 06-11-2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਗਿਆ ਹੈ।

2 ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956) ਦੀ ਧਾਰਾ 07 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਪੰਚਾਇਤ, ਭਗਤਾ ਭਾਈਕਾ, ਜਿਲ੍ਹਾ ਬਠਿੰਡਾ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਅਤੇ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ (ਕਾਓ ਸੈਸ) | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ । | 100/-ਰੁਪਏ | ਨਗਰ ਪੰਚਾਇਤ, ਭਗਤਾ ਭਾਈਕਾ। |
| 2 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ। | 10/-ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਬਠਿੰਡਾ। |
| 3 | ਸ਼ਰਾਬ ਦੇਸੀ ਅਤੇ ਬੀਅਰ ਪ੍ਰਤੀ ਬੋਤਲ। | 05/-ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਬਠਿੰਡਾ। |
| 4 | ਸੀਮਿੰਟ ਪ੍ਰਤੀ ਬੈਗ। | 01/-ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਬਠਿੰਡਾ। |
| 5 | ਬਿਜਲੀ ਪ੍ਰਤੀ ਯੂਨਿਟ। | 02 ਪੈਸੇ | ਨਿਗਰਾਨ ਇੰਜਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਭਗਤਾ ਭਾਈਕਾ। |
| 6 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸ਼ਨ। | 1000/-ਰੁਪਏ | ਨਗਰ ਪੰਚਾਇਤ, ਭਗਤਾ ਭਾਈਕਾ। |
| 7 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸ਼ਨ। | 500/-ਰੁਪਏ | ਨਗਰ ਪੰਚਾਇਤ, ਭਗਤਾ ਭਾਈਕਾ। |
| 8 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ। | 1000/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਬਠਿੰਡਾ। |
| 9 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ। | 200/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਬਠਿੰਡਾ। |

ਮਿਤੀ, ਚੰਡੀਗੜ੍ਹ:
10-06-2016

ਸਤੀਸ਼ ਚੰਦਰਾ, ਆਈ.ਏ.ਐਸ.
ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

ਪਿੱਠ ਅੰਕਣ ਨੰ: 16/4/2016-5ਸਸ3/722 ਮਿਤੀ, ਚੰਡੀਗੜ੍ਹ:15 ਜੂਨ,2016

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ. ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ਅਤੇ ਇਸ ਦੀਆਂ 30 ਕਾਪੀਆਂ ਸਰਕਾਰ ਨੂੰ ਰਿਕਾਰਡ ਲਈ ਭੇਜ ਦਿੱਤੀਆ ਜਾਣ।

ਅਧੀਨ ਸਕੱਤਰ, ਸਥਾਨਕ ਸਰਕਾਰ

ਪਿੱਠ ਅੰਕਣ ਨੰ: 16/4/2016-5ਸਸ3/723 ਮਿਤੀ ਚੰਡੀਗੜ੍ਹ:15 ਜੂਨ, 2016

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ, ਚੰਡੀਗੜ੍ਹ।
2 ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
4 ਪ੍ਰਮੁੱਖ ਸਕੱਤਰ, ਪਾਵਰ ਵਿਭਾਗ, ਪੰਜਾਬਾ, ਚੰਡੀਗੜ।
5 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ ਚੰਡੀਗੜ੍ਹ।
6 ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ, ਪਟਿਆਲਾ।
7 ਡਾਇਰੈਕਟਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
8 ਚੇਅਰਮੈਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਪਟਿਆਲਾ।
9 ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
10 ਰੀਜਨਲ ਡਿਪਟੀ ਕਮਿਸ਼ਨਰ, ਬਠਿੰਡਾ।
11 ਉਪ-ਮੰਡਲ ਮੈਜਿਸਟਰੇਟ, ਰਾਮਪੁਰਾ ਫੂਲ।
12 ਕਾਰਜ ਸਾਧਕ ਅਫਸਰ, ਨਗਰ ਪੰਚਾਇਤ ਭਗਤਾ ਭਾਈਕਾ, ਜਿਲ੍ਹਾ ਬਠਿੰਡਾ।
13 ਜਿਲ੍ਹਾ ਟਰਾਂਸਪੋਰਟ ਅਫਸਰ, ਬਠਿੰਡਾ।
14 ਪ੍ਰੀਖਕ, ਲੋਕਲ ਫੰਡ ਅਕਾਉਂਟਸ, ਪੰਜਾਬ, ਚੰਡੀਗੜ੍ਹ।
15 ਟਾਉਨ ਪਲਾਨਿੰਗ ਵਿੰਗ, ਪੰਜਾਬ ਸੈਕਟਰ-35, ਚੰਡੀਗੜ।
16 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਬਠਿੰਡਾ।
17 ਨਿਗਰਾਨ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਭਗਤਾ ਭਾਈਕਾ, ਜਿਲ੍ਹਾ ਬਠਿੰਡਾ।

ਅਧੀਨ ਸਕੱਤਰ, ਸਥਾਨਕ ਸਰਕਾਰ